**ਪੰਜਾਬ ਸਕੂਲ ਸਿੱਖਿਆ ਬੋਰਡ**
**(ਰੀ-ਚੈਕਿੰਗ ਸਬੰਧੀ ਵਿਨਿਯਮ ਅਤੇ ਹਦਾਇਤਾਂ)**

1. ਬੋਰਡ ਵੱਲੋਂ ਨਤੀਜਾ ਐਲਾਨੇ ਜਾਣ ਤੋਂ ਬਾਅਦ ਰੀ-ਚੈਕਿੰਗ ਦੇ ਸਡਿਊਲ ਅਨੁਸਾਰ ਫਾਰਮ ਅਤੇ ਫੀਸ ਆਨ-ਲਾਈਨ ਹੀ ਜਮ੍ਹਾਂ ਕਰਵਾਈ ਜਾਵੇ। ਇਸ ਉਪਰੰਤ ਰੀਚੈਕਿੰਗ ਫਾਰਮ ਅਤੇ ਫੀਸ ਦਾ ਪ੍ਰਿੰਟ ਪ੍ਰੀਖਿਆਰਥੀ ਆਪਣੇ ਕੋਲ ਰੱਖੇਗਾ। ਦਫਤਰ ਵਿਖੇ ਜਮ੍ਹਾਂ ਕਰਵਾਉਣ ਦੀ ਜਰੂਰਤ ਨਹੀਂ ਹੈ।
2. ਨਿਰਧਾਰਿਤ ਕੀਤੀ ਰੀ-ਚੈਕਿੰਗ ਦੀ ਫੀਸ ਤੋਂ ਬਿਨ੍ਹਾਂ ਅਧੂਰੇ ਫਾਰਮਾਂ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ। ਭਾਵ ਅਜਿਹੇ ਫਾਰਮ ਬਿਨ੍ਹਾਂ ਕਿਸੇ ਅਗੇਤੀ ਸੂਚਨਾ ਤੋਂ ਰੱਦ ਕੀਤੇ ਜਾਣਗੇ। ਰੀ-ਚੈਕਿੰਗ ਦੀ ਜਮ੍ਹਾਂ ਕਰਵਾਈ ਫੀਸ ਕਿਸੇ ਸੂਰਤ ਵਿੱਚ ਵਾਪਿਸ/ਐਡਜਸਟ ਨਹੀਂ ਹੋਵੇਗੀ।

| | |
|---|---|
| ਰੀ-ਚੈਕਿੰਗ ਦੀ ਫੀਸ | 500/-ਰੁਪਏ ਪ੍ਰਤੀ ਉੱਤਰ ਪੱਤਰੀ |

3. ਰੀ-ਚੈਕਿੰਗ ਦੇ ਨਤੀਜੇ ਦੀ ਜਾਣਕਾਰੀ ਆਨਲਾਈਨ ਬੋਰਡ ਦੀ ਵੈਬਸਾਈਟ ਤੇ ਦਿੱਤੀ ਜਾਵੇਗੀ। ਜੇਕਰ ਨਤੀਜੇ ਵਿੱਚ ਕੋਈ ਸੋਧ ਹੁੰਦੀ ਹੈ ਤਾਂ ਇਸ ਸਬੰਧੀ ਅਗਲੇਰੀ ਕਾਰਵਾਈ ਬੋਰਡ ਦੀ ਪ੍ਰੀਖਿਆ ਸ਼ਾਖਾ ਵੱਲੋਂ ਕਰਵਾਈ ਜਾਵੇਗੀ ਅਤੇ ਪਰੀਖਿਆਰਥੀ ਨੂੰ ਸਬੰਧਤ ਪ੍ਰੀਖਿਆ ਸ਼ਾਖਾ ਨਾਲ ਸੰਪਰਕ ਕਰਦੇ ਹੋਏ ਆਪਣਾ ਪੁਰਾਣਾ ਨਤੀਜਾ ਕਾਰਡ/ਸਰਟੀਫਿਕੇਟ ਜਮ੍ਹਾਂ ਕਰਵਾਕੇ ਨਵਾਂ ਸਰਟੀਫਿਕੇਟ ਪ੍ਰਾਪਤ ਕਰਨਾ ਪਵੇਗਾ। ਇਸ ਲਈ ਅਸਲ ਨਤੀਜੇ ਕਾਰਡ/ਸਰਟੀਫਿਕੇਟ ਦੀ ਜਦੋਂ ਮੰਗ ਕੀਤੀ ਜਾਵੇ ਤਾਂ ਹੀ ਭੇਜਿਆ ਜਾਵੇ।
4. ਰੀ-ਚੈਕਿੰਗ ਦਾ ਫਾਰਮ ਭਰਨ ਦੀ ਮਿਤੀ 07-09-2026 ਤੋਂ 21-09-2026 ਤੱਕ।
5. ਰੀ-ਚੈਕਿੰਗ ਦੀ ਪ੍ਰਕ੍ਰਿਆ ਪੂਰੀ ਹੋਣ ਉਪਰੰਤ ਅੰਤਿਮ /ਬਣਦਾ ਨਤੀਜਾ ਬੋਰਡ ਦੀ ਵੈਬ-ਸਾਈਟ (www.pseb.ac.in) ਤੇ ਦੇਖਿਆ ਜਾ ਸਕਦਾ ਹੈ।

ਸਹਾਇਕ ਸਕੱਤਰ(ਕਾਰਜ਼ ਸੰਚਾਲਨ)
ਪੰਜਾਬ ਸਕੂਲ ਸਿੱਖਿਆ ਬੋਰਡ

Scanned with CamScanner